# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 26-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਕਿ ਛੱਠ ਦਾ ਮਹਾਪਰਵ ਸੱਭਿਆਚਾਰ, ਕੁਦਰਤ ਅਤੇ ਸਮਾਜ ਦੀ ਡੂੰਘੀ ਏਕਤਾ ਦਾ ਪ੍ਰਤੀਬਿੰਬ ਏ ।

ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ , ਪ੍ਰਧਾਨ ਮੰਤਰੀ ਨੇ ਕਿਹਾ ।

BYTE

ਸ਼੍ਰੀ ਮੋਦੀ ਨੇ ਜ਼ਿਕਰ ਕੀਤਾ ਕਿ ਆਪ੍ਰੇਸ਼ਨ ਸਿੰਦੂਰ ਨੇ ਹਰ ਭਾਰਤੀ ਨੂੰ ਮਾਣ ਮਹਿਸੂਸ ਕਰਵਾਇਆ ਏ । ਉਨ੍ਹਾਂ ਕਿਹਾ ਕਿ ਇਸ ਵਾਰ, ਉਨ੍ਹਾਂ ਇਲਾਕਿਆਂ ਵਿੱਚ ਵੀ ਖੁਸ਼ੀ ਦੇ ਦੀਵੇ ਜਗਾਏ ਗਏ ਜੋ ਕਦੇ ਮਾਓਵਾਦੀ ਅੱਤਵਾਦ ਤੋਂ ਪ੍ਰਭਾਵਿਤ ਸਨ। ਉਨ੍ਹਾਂ ਕਿਹਾ ਕਿ ਲੋਕ ਮਾਓਵਾਦੀ ਅੱਤਵਾਦ ਦਾ ਪੂਰੀ ਤਰ੍ਹਾਂ ਖਾਤਮਾ ਚਾਹੁੰਦੇ ਹਨ ਜਿਸਨੇ ਉਨ੍ਹਾਂ ਦੇ ਬੱਚਿਆਂ ਦੇ ਭਵਿੱਖ ਨੂੰ ਖਤਰੇ ਵਿੱਚ ਪਾ ਦਿੱਤਾ ਸੀ। ਸ੍ਰੀ ਮੋਦੀ ਨੇ ਕਿਹਾ ਉਨ੍ਹਾਂ ਨੂੰ ਇਹ

ਦੇਖ ਕੇ ਖੁਸ਼ੀ ਹੋਈ ਕਿ ਜੀ.ਐਸ.ਟੀ ਬਚਤ ਉਤਸਵ ਪ੍ਰਤੀ ਲੋਕਾਂ ਵਿੱਚ ਉਤਸ਼ਾਹ ਏ ।

BYTE

ਪ੍ਰਧਾਨ ਮੰਤਰੀ ਨੇ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਤੋਂ ਸਫਾਈ ਦੇ ਉਪਰਾਲਿਆਂ ਸੰਬੰਧੀ ਕੁਝ ਪ੍ਰੇਰਨਾਦਾਇਕ ਕਹਾਣੀਆਂ ਨੂੰ ਉਜਾਗਰ ਕੀਤਾ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜਿੱਥੇ ਵੀ ਰਹਿੰਦੇ ਨੇ , ਰੁੱਖ ਲਗਾਉਣ ਅਤੇ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਨੂੰ ਅੱਗੇ ਵਧਾਉਣ। ਸ਼੍ਰੀ ਮੋਦੀ ਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਸੁਰੱਖਿਆ ਏਜੰਸੀਆਂ ਨੇ ਭਾਰਤੀ ਨਸਲਾਂ ਦੇ ਕੁੱਤਿਆਂ ਨੂੰ ਗੋਦ ਲੈਣ ਵਿੱਚ ਸ਼ਲਾਘਾਯੋਗ ਯਤਨ ਕੀਤੇ ਨੇ । ਬੀ.ਐਸ.ਐਫ ਅਤੇ ਸੀ.ਆਰ.ਪੀ.ਐਫ ਨੇ ਆਪਣੀਆਂ ਟੁਕੜੀਆਂ ਵਿੱਚ ਭਾਰਤੀ ਨਸਲ ਦੇ ਕੁੱਤਿਆਂ ਦੀ ਗਿਣਤੀ ਵਧਾ ਦਿੱਤੀ ਏ । ਸਰਦਾਰ ਵੱਲਭ ਭਾਈ ਪਟੇਲ ਦੀ ਜਨਮ ਵਰ੍ਹੇਗੰਢ 31 ਅਕਤੂਬਰ ਨੂੰ ਮਨਾਈ ਜਾਵੇਗੀ। ਸ਼੍ਰੀ ਮੋਦੀ ਨੇ ਕਿਹਾ ਕਿ ਇਸ ਮੌਕੇ 'ਤੇ ਹਰ ਸਾਲ ਗੁਜਰਾਤ ਦੇ ਏਕਤਾ ਨਗਰ ਵਿੱਚ 'ਸਟੈਚੂ ਆਫ਼ ਯੂਨਿਟੀ' ਦੇ ਨੇੜੇ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤੇ ਜਾਂਦੇ ਨੇ । ਏਕਤਾ ਦਿਵਸ ਪਰੇਡ ਵੀ ਉੱਥੇ ਆਯੋਜਿਤ ਕੀਤੀ ਜਾਂਦੀ ਹੈ, ਅਤੇ ਇਸ ਪਰੇਡ ਵਿੱਚ ਭਾਰਤੀ ਕੁੱਤਿਆਂ ਦੀ ਕਾਬਲੀਅਤ ਦੁਬਾਰਾ ਦਿਖਾਈ ਜਾਵੇਗੀ । ਪ੍ਰਧਾਨ ਮੰਤਰੀ ਨੇ

ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਮੌਕਾ ਮਿਲੇ ਤਾਂ ਪਰੇਡ ਜ਼ਰੂਰ ਦੇਖਣ। ਸ਼੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਸਰਦਾਰ ਪਟੇਲ ਦੀ 150ਵੀਂ ਜਨਮ ਵਰ੍ਹੇਗੰਢ ਪੂਰੇ ਦੇਸ਼ ਲਈ ਇੱਕ ਬਹੁਤ ਹੀ ਖਾਸ ਮੌਕਾ ਏ | ਸ਼੍ਰੀ ਮੋਦੀ ਨੇ ਕਿਹਾ ਕਿ ਕੋਮਾਰਾਮ ਭੀਮ ਦੀ ਜਨਮ ਵਰ੍ਹੇਗੰਢ 22 ਅਕਤੂਬਰ ਨੂੰ ਮਨਾਈ ਗਈ । ਉਨ੍ਹਾਂ ਨੌਜਵਾਨਾਂ ਨੂੰ , ਇਨਕਲਾਬੀ ਆਜ਼ਾਦੀ ਘੁਲਾਟੀਏ ਬਾਰੇ ਵੱਧ ਤੋਂ ਵੱਧ ਸਿੱਖਣ ਦੀ ਅਪੀਲ ਕੀਤੀ । ਅਗਲੇ ਮਹੀਨੇ ਦੀ 15 ਤਰੀਕ ਨੂੰ ਭਗਵਾਨ ਬਿਰਸਾ ਮੁੰਡਾ ਦੀ ਜਨਮ ਵਰ੍ਹੇਗੰਢ ਮੌਕੇ, ਜਨਜਾਤੀ ਗੌਰਵ ਦਿਵਸਮਨਾਇਆ ਜਾਵੇਗਾ। ਭਗਵਾਨ ਬਿਰਸਾ ਮੁੰਡਾ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਅਤੇ ਕਬਾਇਲੀ ਭਾਈਚਾਰੇ ਦੇ ਅਧਿਕਾਰਾਂ ਲਈ ਉਨ੍ਹਾਂ ਦੁਆਰਾ ਕੀਤਾ ਗਿਆ ਕੰਮ ਬੇਮਿਸਾਲ ਏ । ਉਨ੍ਹਾਂ ਸਾਰਿਆਂ ਨੂੰ ਭਗਵਾਨ ਬਿਰਸਾ ਮੁੰਡਾ ਅਤੇ ਕੋਮਾਰਾਮ ਭੀਮ ਵਰਗੇ ਕਬਾਇਲੀ ਭਾਈਚਾਰਿਆਂ ਵਿੱਚ ਮਹਾਨ ਪ੍ਰਕਾਸ਼ਕਾਂ ਬਾਰੇ ਪੜ੍ਹਨ ਦੀ ਅਪੀਲ ਕੀਤੀ ।

-----------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਵਿੱਚ ਨਿਵੇਸ਼ ਕਰਨ ਦੇ ਇਛੁੱਕ ਇੱਕ ਵਿਸ਼ੇਸ਼ ਜਾਪਾਨੀ ਵਫ਼ਦ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਸਪੀਕਰ ਨੇ ਦੱਸਿਆ ਕਿ ਪੰਜਾਬ

ਉਦਯੋਗਿਕ ਖੇਤਰ ਲਈ ਇੱਕ ਕੇਂਦਰ ਵਜੋਂ ਉੱਭਰ ਰਿਹਾ ਏ। ਸਪੀਕਰ ਨੇ ਵਫਦ ਨੂੰ ਸੂਬੇ  ਵਿੱਚ ਨਿਵੇਸ਼ ਦੇ ਮੌਕਿਆਂ ਦੀ ਪੜਚੋਲ ਕਰਨ ਅਤੇ ਸਾਂਝੇ ਹਿੱਤਾਂ ਲਈ ਨਿਵੇਸ਼ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਦਯੋਗਪਤੀਆਂ ਦੀ ਸਹੂਲਤ ਲਈ ਪਾਰਦਰਸ਼ਤਾ, ਭਰੋਸੇਯੋਗਤਾ ਨੂੰ ਯਕੀਨੀ ਬਣਾਉਂਦਿਆਂ ਇੱਕ ਸਪੱਸ਼ਟ ਨੀਤੀਗਤ ਢਾਂਚਾ ਤਿਆਰ ਕੀਤਾ ਗਿਆ ਏ | ਸਪੀਕਰ ਨੇ ਵਫ਼ਦ ਨੂੰ ਪੰਜਾਬ ਸਰਕਾਰ ਦੇ ਨਿਵੇਸ਼ ਪੰਜਾਬ ਪਲੇਟਫਾਰਮ ਬਾਰੇ ਜਾਣਕਾਰੀ ਦਿੱਤੀ ਜਿਸ ਵਿੱਚ ਸੂਬਾ ਸਰਕਾਰ ਵੱਲੋਂ ਇੱਕ ਸਿੰਗਲ ਵਿੰਡੋ ਪੋਰਟਲ ਸ਼ੁਰੂ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਇਸ ਪਲੇਟਫਾਰਮ ਜ਼ਰੀਏ ਨਿਵੇਸ਼ਕ 45 ਦਿਨਾਂ ਦੇ ਅੰਦਰ ਸਾਰੀਆਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ  ਕਿਹਾ ਕਿ ਸੂਬੇ ਦੀਆਂ ਕਾਰੋਬਾਰ-ਪੱਖੀ ਨੀਤੀਆਂ ਅਤੇ ਨਿਵੇਸ਼ ਦੇ ਵਿਆਪਕ ਮੌਕੇ ਉਨ੍ਹਾਂ ਲਈ ਬੇਹੱਦ ਲਾਭਦਾਇਕ ਸਾਬਤ ਹੋਣਗੇ।  ਮੀਟਿੰਗ ਦੌਰਾਨ ਫਿਟ ਫਾਊਂਡਰ ਕੰਪਨੀ ਲਿਮਟਿਡ ਦੇ ਮੁੱਖ ਕਾਰਜਕਾਰੀ ਅਧਿਕਾਰੀ  ਸ਼ਿਨਤਾਰੋ ਹਾਚੀਗਾ ਅਤੇ ਤਾਕਾ-ਮਾਸਾ ਸੁਜੀ ਮੌਜੂਦ ਸਨ।

------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਸਬੰਧ ਵਿੱਚ

ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਦੇ ਹਿੱਸੇ ਵਜੋਂ ਨਵੀਂ ਦਿੱਲੀ 'ਚ ਸਜਾਏ ਗਏ ਕੀਰਤਨ ਦਰਬਾਰ ਵਿੱਚ ਸ਼ਾਮਲ ਹੋ ਕੇ ਰੂਹਾਨੀ ਕੀਰਤਨ ਸਰਵਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਪੂਰੇ ਪਰਿਵਾਰ ਨੂੰ ਧਰਮ ਲਈ ਕੁਰਬਾਨ ਕਰ ਦਿੱਤਾ, ਜੋ ਪੂਰੀ ਦੁਨੀਆ ਦੇ ਇਤਿਹਾਸ ਵਿੱਚ ਇੱਕ ਲਾਸਾਨੀ ਮਿਸਾਲ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮਹਾਨ ਤੇ ਪਵਿੱਤਰ ਦਿਹਾੜੇ ਨੂੰ ਮਨਾਉਣ ਦਾ ਉਦੇਸ਼ ਨੌਵੇਂ ਗੁਰੂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਫ਼ਲਸਫ਼ੇ ਨੂੰ ਪੂਰੀ ਦੁਨੀਆ ਵਿੱਚ ਪਹੁੰਚਾਉਣਾ ਏ ਤਾਂ ਜੋ ਸ਼ਾਂਤੀ, ਸਦਭਾਵਨਾ ਅਤੇ ਧਰਮ ਨਿਰਪੱਖਤਾ ਦੇ ਆਦਰਸ਼, ਜਿਨ੍ਹਾਂ ਲਈ ਉਨ੍ਹਾਂ ਨੇ ਸ਼ਹਾਦਤ ਦਿੱਤੀ ਸੀ, ਨੂੰ ਸੁਰੱਖਿਅਤ ਰੱਖਿਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਦੇ ਸ਼ਹੀਦੀ ਦਿਵਸ ਨੂੰ ਮਨਾਉਣ ਲਈ ਪੰਜਾਬ ਸਰਕਾਰ ਵੱਖ-ਵੱਖ ਰਾਜਾਂ ਵਿੱਚ ਸਮਾਗਮ ਕਰਵਾ ਕਰ ਰਹੀ ਏ। ਉਨ੍ਹਾਂ ਕਿਹਾ ਕਿ ਅੱਜ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਸਮਾਗਮ ਸ਼ੁਰੂ ਹੋ ਰਹੇ ਹਨ ਅਤੇ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਵਿਖੇ ਵਿਸ਼ਾਲ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 1 ਨਵੰਬਰ ਤੋਂ 18 ਨਵੰਬਰ ਤੱਕ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਜੀਵਨ ਅਤੇ ਫ਼ਲਸਫ਼ੇ ਨੂੰ ਦਰਸਾਉਂਦੇ ਲਾਈਟ ਐਂਡ

ਸਾਊਂਡ ਸ਼ੋਅ ਕਰਵਾਏ ਜਾਣਗੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਮੌਜੂਦ ਰਹੇ ।

-------------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅਧਿਕਾਰੀਆਂ ਨੂੰ ਹੜ੍ਹਾਂ ਕਾਰਨ ਫ਼ਸਲਾਂ ਦੇ ਹੋਏ ਖ਼ਰਾਬੇ ਦਾ ਕਿਸਾਨਾਂ ਨੂੰ ਇਕ ਹਫ਼ਤੇ ਦੇ ਅੰਦਰ-ਅੰਦਰ ਮੁਆਵਜ਼ਾ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹੜ੍ਹਾਂ ਕਾਰਨ ਖਾਸ ਕਰ ਸ਼ਾਹਕੋਟ ਇਲਾਕੇ ਵਿੱਚ ਨੁਕਸਾਨੀਆਂ ਫ਼ਸਲਾਂ ਦਾ ਕਿਸਾਨਾਂ ਨੂੰ ਇਕ ਹਫ਼ਤੇ ਦੇ ਅੰਦਰ-ਅੰਦਰ ਮੁਆਵਜ਼ਾ ਜਾਰੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸਾਨਾਂ ਨੂੰ ਸਮੇਂ ਸਿਰ ਰਾਹਤ ਮਿਲ ਸਕੇ। ਡਾ. ਅਗਰਵਾਲ ਨੇ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਜ਼ਿਲ੍ਹੇ ਦੇ 115 ਪਿੰਡਾਂ ਵਿੱਚ ਚੱਲ ਰਹੇ ਕੰਮ ਦਾ ਵੀ ਜਾਇਜ਼ਾ ਲਿਆ। ਇਸ ਤਹਿਤ ਪਟਵਾਰੀਆਂ ਵੱਲੋਂ ਇਨ੍ਹਾਂ ਪਿੰਡਾਂ ਵਿੱਚ ਘਰ-ਘਰ ਜਾ ਕੇ ਲਾਲ ਲਕੀਰ ਵਾਲੇ ਘਰਾਂ ਦੀ ਪਛਾਣ ਕੀਤੀ ਜਾ ਰਹੀ ਏ , ਤਾਂ ਜੋ ਲੋੜੀਂਦੀ ਪ੍ਰਕਿਰਿਆ ਅਮਲ ਵਿੱਚ ਲਿਆ ਕੇ ਯੋਗ ਪਰਿਵਾਰਾਂ ਨੂੰ ਮਾਲਕਾਨਾਂ ਅਧਿਕਾਰ ਸੌਂਪੇ ਜਾ ਸਕਣ।

---------------------------------------------------------------------------------

42ਵੇਂ  ਇੰਡੀਅਨ ਆਾਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿਚ ਪੰਜਾਬ ਪੁਲਿਸ ਕਲ ਹੋਏ ਮੁਕਾਬਲੇ ਵਿੱਚ ਇੰਡੀਅਨ ਏਅਰ ਫੋਰਸ ਕੋਲੋਂ 2-3 ਨਾਲ ਹਾਰ ਗਈ । ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਜਲੰਧਰ ਵਿੱਚ ਚਲ ਰਹੇ ਇਸ ਟੂਰਨਾਮੈਂਟ ਦੇ ਤੀਜੇ ਦਿਨ ਲੀਗ ਦੌਰ ਦੇ ਦੂਜੇ ਮੈਚ ਵਿੱਚ ਸੀ.ਆਰ.ਪੀ.ਐਫ ਦਿੱਲੀ ਅਤੇ ਭਾਰਤੀ ਰੇਲਵੇ ਦਿੱਲੀ ਦੀਆਂ ਇਕ-ਇਕ ਦੀ ਬਰਾਬਰੀ ਤੇ ਰਹੀਆਂ। ਅੱਜ ਭਾਰਤ ਪੈਟਰੋਲੀਅਮ ਦਾ ਮੁਕਾਬਲਾ ਬੀ.ਐਸ.ਐਫ ਜਲੰਧਰ ਨਾਲ  ਸ਼ਾਮ ਸਾਡੇ ਚਾਰ ਵਜੇ

ਅਤੇ ਇੰਡੀਅਨ ਆਇਲ ਮੁੰਬਈ ਦਾ ਮੁਕਾਬਲਾ ਰੇਲ ਕੋਚ ਫੈਕਟਰੀ ਕਪੂਰਥਲਾ ਨਾਲ ਸ਼ਾਮ 5 ਵੱਜਕੇ  45 ਮਿੰਟ 'ਤੇ ਹੋਵੇਗਾ ।

---------------------------------------------------------------------------------